ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ
ਵਿੱਦਿਆ ਭਵਨ(ਬਿਲਡਿੰਗ ਪੰਜਾਬ ਸਕੂਲ ਸਿੱਖਿਆ ਬੋਰਡ) ਬਲਾਕ-ਈ, ਪੰਜਵੀਂ ਮੰਜਿਲ,ਫ਼ੇਸ-8 ਮੋਹਾਲੀ
ਟੈਲੀਫੋਨ ਨੰ: 0172-5212313, ਫੈਕਸ ਨੰ: 0172-5212370

ਵੱਲ

ਡੀ.ਪੀ.ਆਈ(ਸੈ.ਸਿ)
ਡੀ.ਪੀ.ਆਈ(ਐ.ਸਿ)
ਸਮੂਹ ਮੰਡਲ ਸਿੱਖਿਆ ਅਫਸਰ
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ)
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ)
ਸਮੂਹ ਸਕੂਲ ਮੁੱਖੀ(ਵੈੱਬ ਸਾਈਟ ਰਾਹੀਂ)
ਪੰਜਾਬ।

ਮੀਮੋ ਨੰ: ਸਸਅ/ਐਮ.ਸੀ/2014/8083-8088
ਮਿਤੀ,ਚੰਡੀਗੜ੍ਹ: 7 ਜੁਲਾਈ 2014

ਵਿਸ਼ਾ: ਰਾਜ ਦੇ ਸਮੂਹ ਸਕੂਲਾਂ ਵਿੱਚ ਨਸ਼ਿਆਂ ਦੇ ਰੋਕਥਾਮ ਲਈ ਮੁਹਿੰਮ ਚਲਾਉਣ ਬਾਰੇ।

1.0 ਪੰਜਾਬ ਵਿੱਚ ਨੌਜਵਾਨਾਂ ਵਿੱਚ ਨਸ਼ਿਆਂ ਦੇ ਰੁਝਾਨ ਵਿੱਚ ਵਾਧਾ ਹੋ ਰਿਹਾ ਹੈ ਜੋ ਕਿ ਸਭਿਅਕ ਸਮਾਜ ਲਈ ਚਿੰਤਾ ਦਾ ਵਿਸ਼ਾ ਹੈ। ਉਪਰੋਕਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਵਿੱਚ ਨਸ਼ਿਆਂ ਦੇ ਰੁਝਾਨ ਨੂੰ ਠੱਲਣ ਹਿੱਤ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਣਾ ਹੈ ਅਤੇ ਇਹਨਾਂ ਰਾਹੀਂ ਸਮਾਜ ਵਿੱਚ ਜਾਗਰੂਕਤਾ ਪੈਦਾ ਕੀਤੀ ਜਾ ਸਕਦੀ ਹੈ। ਉਕਤ ਮੰਤਵ ਨੂੰ ਮੁੱਖ ਰੱਖਦੇ ਹੋਏ ਸਤੰਬਰ ਮਹੀਨੇ ਦੇ ਆਖਰੀ ਹਫਤੇ 22 ਤੋਂ 25 ਸਤੰਬਰ ਦੌਰਾਨ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ, ਪ੍ਰਾਈਵੇਟ ਏਡਿਡ ਸਕੂਲਾਂ, ਪ੍ਰਾਈਵੇਟ ਸਕੂਲਾਂ ਵਿੱਚ ਨਸ਼ਿਆਂ ਵਿਰੋਧੀ ਅਭਿਆਨ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ ਹੈ ।

2.0 ਸਵੇਰੇ ਦੀ ਸਭਾ ਵਿੱਚ ਸਕੂਲਾਂ ਦੇ ਮੁੱਖੀਆਂ ਜਾਂ ਸੀਨੀਅਰ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਨਸ਼ਿਆਂ ਦੀ ਆਲਮਤਾਂ ਤੋਂ ਬਚਣ ਲਈ ਇਹਨਾਂ ਦੇ ਦੂਰ ਪ੍ਰਭਾਵਾਂ ਬਾਰੇ ਲੈਕਚਰ ਦਿੱਤਾ ਜਾਵੇਗਾ। ਇਸ ਸਮੇਂ ਸਕੂਲ ਆਪਣੀ ਸਮਰੱਥਾ ਮੁਤਾਬਿਕ ਕਿਸੇ ਪ੍ਰੋਫੈਸਰ, ਡਾਕਟਰ, ਨਸ਼ਿਆਂ ਵਿਰੁੱਧ ਕੰਮ ਕਰ ਰਹੇ ਸਮਾਜ ਸੇਵਕਾਂ ਵਿਚੋਂ ਵੀ ਕਿਸੇ ਨੂੰ ਲੈਕਚਰ ਦੇਣ ਲਈ ਬੁਲਾ ਸਕਦੇ ਹਨ।

3.0 ਨਸ਼ਿਆਂ ਵਿਰੁੱਧ ਸਕੂਲ ਸਿੱਖਿਆ ਸੰਸਥਾਵਾਂ ਰਾਹੀ ਜਾਗਰੂਕਤਾ ਪੈਦਾ ਕਰਨ ਸਬੰਧੀ ਉਪਰੋਕਤ ਕਾਰਜ ਨੂੰ ਸਫਲਤਾ ਪੂਰਵਕ ਤਾਂ ਹੀ ਸਿਰਿਆਂ ਚਾੜ੍ਹਿਆ ਜਾ ਸਕਦਾ ਹੈ ਜੇਕਰ ਪਿੰਡਾਂ ਦੀਆਂ ਪੰਚਾਇਤਾਂ, ਸਮਾਜ ਸੇਵੀ ਸੰਸਥਾਵਾਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਨਾਲ ਸ਼ਾਮਲ ਕੀਤਾ ਜਾਵੇ। ਆਪ ਨੂੰ ਹਦਾਇਤ ਕੀਤੀ ਜਾਂਦਾ ਹੈ ਕਿ ਇਸ ਸਪਤਾਹ ਦੌਰਾਨ ਕੀਤੇ ਜਾਣ ਵਾਲੇ ਪ੍ਰੋਗਰਾਮਾਂ ਨੂੰ ਵਿਧੀ ਬੱਧ ਢੰਗ ਨਾਲ ਲਾਗੂ ਕੀਤਾ ਜਾਵੇ ਅਤੇ ਸਾਰੇ ਸਕੂਲ ਮੁੱਖੀਆਂ ਨੂੰ ਮਾਸਿਕ ਇਕੱਤਰਤਾ ਦੌਰਾਨ ਇਸ ਕਾਰਜ ਬਾਰੇ ਜਾਣੂ ਕਰਵਾਇਆ ਜਾਵੇ ।

ਸੀਕੇਸਿ
ਜੀ.ਕੇ. ਸਿੰਘ
ਡਾਇਰੈਕਟਰ ਜਨਰਲ ਸਕੂਲ ਸਿੱਖਿਆ

ਪਿੱਠ ਅੰਕਣ ਨੰ: ਐਸ.ਐਸ.ਏ/ਐਮ.ਸੀ/2014/8089-8091। ਮਿਤੀ: 7 ਜੁਲਾਈ 2014

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-
1. ਨਿੱਜੀ ਸਕੱਤਰ ਟੂ ਸਿੱਖਿਆ ਮੰਤਰੀ ਪੰਜਾਬ।
2. ਨਿੱਜੀ ਸਕੱਤਰ ਟੂ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ ਪੰਜਾਬ।
3. ਵਿਸ਼ੇਸ਼ ਸਕੱਤਰ ਸਿਹਤ ਵਿਭਾਗ।

ਸਹੀ/-
ਜੀ.ਕੇ.ਸਿੰਘ
ਡਾਇਰੈਕਟਰ ਜਨਰਲ ਸਕੂਲ ਸਿੱਖਿਆ